**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ**

**ਜ਼ਿਲਾ ਮੈਜਿਸਟਰੇਟ ਨੇ ਮਿਉਂਸਿਪਲ ਚੋਣਾਂ ਦੇ ਮੱਦੇਨਜ਼ਰ 14 ਅਤੇ 17 ਫਰਵਰੀ ਨੂੰ ਡਰਾਈ ਡੇਅ ਕੀਤਾ ਘੋਸ਼ਿਤ**

**ਫਾਜ਼ਿਲਕਾ 11 ਫਰਵਰੀ**

ਜ਼ਿਲਾ ਮੈਜਿਸਟਰੇਟ ਫਾਜ਼ਿਲਕਾ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਆਉਂਦੇ ਨਗਰ ਨਿਗਮ, ਨਗਰ ਕੌਂਸਲ/ਨਗਰ ਪੰਚਾਇਤ ਦੇ ਅਧਿਕਾਰ ਖੇਤਰ ਵਿਚ ਵੋਟਾਂ ਵਾਲੇ ਦਿਨ 14 ਫਰਵਰੀ 2021 ਅਤੇ ਗਿਣਤੀ ਵਾਲੇ ਦਿਨ 17 ਫਰਵਰੀ 2021 ਨੂੰ ਡਰਾਈ ਡੇ ਘੋਸ਼ਿਤ ਕਰਦਿਆਂ ਸ਼ਰਾਬ ਦੇ ਠੇਕੇ ਖੋਲਣ ਅਤੇ ਸ਼ਰਾਬ ਨੂੰ ਸਟੋਰ ਕਰਨ ’ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।

ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਇਹ ਹੁਕਮ ਦੁਕਾਨਾਂ, ਹੋਟਲ, ਰੈਸਟੋਰੈਂਟ, ਕਲੱਬ ਅਤੇ ਅਹਾਤਿਆਂ ’ਤੇ ਸ਼ਰਾਬ ਦੀ ਵਿਕਰੀ ਤੇ ਵਰਤੋਂ ਕਰਨ ’ਤੇ ਪੂਰਨ ਤੌਰ ’ਤੇ ਲਾਗੂ ਹੋਣਗੇ। ਰਾਜ ਚੋਣ ਕਮਿਸ਼ਨਰ, ਪੰਜਾਬ ਚੰਡੀਗੜ੍ਹ ਦੇ ਹੁਕਮਾਂ ਅਨੁਸਾਰ ਪੰਜਾਬ ਰਾਜ ਅੰਦਰ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ 14 ਫਰਵਰੀ 2021 ਨੂੰ ਹੋਣੀਆਂ ਹਨ ਜਿਸ ਕਰਕੇ ਲੋਕ ਪ੍ਰਤੀਨਿਧਤਾ ਐਕਟ 1951 ਦੀ ਧਾਰਾ 135-ਸੀ ਅਨੁਸਾਰ ਇਨ੍ਹਾਂ ਚੋਣਾਂ ਦੌਰਾਨ ਪੋਲਿੰਗ ਏਰੀਏ ਵਿਚ ਕਿਸੇ ਵੀ ਤਰ੍ਹਾਂ ਦੇ ਨਸ਼ੀਲੇ ਪਦਾਰਥਾਂ ਅਤੇ ਸ਼ਰਾਬ ਵੇਚਣ ’ਤੇ ਪਾਬੰਦੀ ਲਗਾਉਣੀ ਜ਼ਰੂਰੀ ਹੈ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ**

**ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਕਰਵਾਏ ਵੱਖ-ਵੱਖ ਮੁਕਾਬਲੇ**

**ਫਾਜ਼ਿਲਕਾ 11 ਫਰਵਰੀ**

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਵੱਖ ਵੱਖ ਮੁਕਾਬਲਿਆਂ ਦੀ ਲੜੀ ਤਹਿਤ ਜ਼ਿਲ੍ਹਾ ਸਿਖਿਆ ਅਫਸਰ ਸ. ਸੁਖਬੀਰ ਸਿੰਘ ਬੱਲ ਅਤੇ ਡਿਪਟੀ ਡੀਈਓ ਬ੍ਰਿਜਮੋਹਨ ਸਿੰਘ ਬੇਦੀ ਦੇ ਦਿਸ਼ਾ-ਨਿਰਦੇਸ਼ਾਂ `ਤੇ ਸਰਕਾਰੀ ਹਾਈ ਸਕੂਲ ਬਾਂਡੀ ਵਾਲਾ ਵਿਖੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫਸਰ ਬੱਡੀ ਸ੍ਰੀ ਵਿਜੈ ਪਾਲ ਨੇ ਦੱਸਿਆ ਕਿ ਇਹ ਮੁਕਾਬਲੇ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਅੰਦਰ ਜਿਥੇ ਮੁਕਾਬਲੇ ਲੜਨ ਦਾ ਜਜ਼ਬਾ ਪੈਦਾ ਕਰਨਾ ਹੈ ਉਥੇ ਗੁਰੂ ਜੀ ਦੀ ਸਿਖਿਆਵਾਂ `ਤੇ ਚੱਲਣ ਵੱਲ ਪ੍ਰੇਰਿਤ ਕਰਨਾ ਹੈ।ਉਨ੍ਹਾਂ ਕਿ ਮੁਕਾਬਲਿਆਂ ਦਾ ਵਿਸ਼ਾ ਗੁਰੂ ਜੀ ਦੀ ਸਿਖਿਆਵਾਂ, ਜੀਵਨ, ਸਿਧਾਂਤਾਂ, ਉਦੇਸ਼ਾਂ ਉਸਤਤ ਅਤੇ ਕੁਰਬਾਨੀ `ਤੇ ਅਧਾਰਿਤ ਹੈ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆ ਵਿਚਕਾਰ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਵੱਖ-ਵੱਖ ਮੁਕਾਬਲਿਆਂ ਦੀ ਲੜੀ ਤਹਿਤ ਸ਼ਬਦ ਗਾਇਨ, ਪੇਂਟਿੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ।ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਵੱਧ ਚੜ੍ਹ ਦੇ ਹਿੱਸਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਪੇਂਟਿੰਗ ਮੁਕਾਬਲੇ `ਚ ਅਜੈ ਪਹਿਲੇ ਸਥਾਨ, ਅੰਜਨੀ ਦੂਜੇ ਸਥਾਨ ਅਤੇ ਹੈਪੀ ਤੀਸਰੇ ਸਥਾਨ `ਤੇ ਰਹੇ। ਇਸੇ ਤਰ੍ਹਾਂ ਦਯਾਵੰਤੀ, ਮਨਪ੍ਰੀਤ ਅਤੇ ਦੇਵਦੱਤ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ `ਤੇ ਰਹੇ।ਉਨ੍ਹਾਂ ਦੱਸਿਆ ਕਿ ਜੇਤੂ ਰਹੇ ਵਿਦਿਆਰਥੀਆਂ ਅੰਦਰ ਹੌਸਲਾਅਫਜ਼ਾਈ ਪੈਦਾ ਕਰਨ ਲਈ ਸਨਮਾਨਿਤ ਵੀ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਮੁਕਾਬਲਿਆਂ ਨੂੰ ਸਫਲਤਾਪੂਰਵਕ ਬਣਾਉਣ ਲਈ ਸਕੂਲ ਸਟਾਫ ਪੂਨਮ ਕਾਸਵਾਨ, ਗਗਨਜੋਤ, ਗੁਰਸ਼ਿੰਦਰ ਪਾਲ ਕੁਆਰਡੀਨੇਟਰ, ਰਾਮਸਰੂਪ, ਸੰਜੇ ਪੰਕਜ, ਸੋਰਵ, ਨੀਰੂ, ਲਲਿਤਾ, ਮੇਨਕਾ, ਜਯੋਤੀ, ਨਿਰਾਜ, ਰਜਨੀਸ਼ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਤੇ ਵਿਦਿਆਰਥੀਆਂ ਨੂੰ ਮੁਕਾਬਲਿਆਂ `ਚ ਵੱਧ ਤੋਂ ਵੱਧ ਹਿਸੇਦਾਰੀ ਪਾਉਣ ਲਈ ਪ੍ਰੇਰਿਤ ਵੀ ਕੀਤਾ ਗਿਆ।ਦਫਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਕਰਵਾਏ ਵੱਖ-ਵੱਖ ਮੁਕਾਬਲੇ

ਫਾਜ਼ਿਲਕਾ 11 ਫਰਵਰੀ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਵੱਖ ਵੱਖ ਮੁਕਾਬਲਿਆਂ ਦੀ ਲੜੀ ਤਹਿਤ ਜ਼ਿਲ੍ਹਾ ਸਿਖਿਆ ਅਫਸਰ ਸ. ਸੁਖਬੀਰ ਸਿੰਘ ਬੱਲ ਅਤੇ ਡਿਪਟੀ ਡੀਈਓ ਬ੍ਰਿਜਮੋਹਨ ਸਿੰਘ ਬੇਦੀ ਦੇ ਦਿਸ਼ਾ-ਨਿਰਦੇਸ਼ਾਂ `ਤੇ ਸਰਕਾਰੀ ਹਾਈ ਸਕੂਲ ਬਾਂਡੀ ਵਾਲਾ ਵਿਖੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫਸਰ ਬੱਡੀ ਸ੍ਰੀ ਵਿਜੈ ਪਾਲ ਨੇ ਦੱਸਿਆ ਕਿ ਇਹ ਮੁਕਾਬਲੇ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਅੰਦਰ ਜਿਥੇ ਮੁਕਾਬਲੇ ਲੜਨ ਦਾ ਜਜ਼ਬਾ ਪੈਦਾ ਕਰਨਾ ਹੈ ਉਥੇ ਗੁਰੂ ਜੀ ਦੀ ਸਿਖਿਆਵਾਂ `ਤੇ ਚੱਲਣ ਵੱਲ ਪ੍ਰੇਰਿਤ ਕਰਨਾ ਹੈ।ਉਨ੍ਹਾਂ ਕਿ ਮੁਕਾਬਲਿਆਂ ਦਾ ਵਿਸ਼ਾ ਗੁਰੂ ਜੀ ਦੀ ਸਿਖਿਆਵਾਂ, ਜੀਵਨ, ਸਿਧਾਂਤਾਂ, ਉਦੇਸ਼ਾਂ ਉਸਤਤ ਅਤੇ ਕੁਰਬਾਨੀ `ਤੇ

ਅਧਾਰਿਤ ਹੈ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆ ਵਿਚਕਾਰ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਵੱਖ-ਵੱਖ ਮੁਕਾਬਲਿਆਂ ਦੀ ਲੜੀ ਤਹਿਤ ਸ਼ਬਦ ਗਾਇਨ, ਪੇਂਟਿੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ।ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਵੱਧ ਚੜ੍ਹ ਦੇ ਹਿੱਸਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਪੇਂਟਿੰਗ ਮੁਕਾਬਲੇ `ਚ ਅਜੈ ਪਹਿਲੇ ਸਥਾਨ, ਅੰਜਨੀ ਦੂਜੇ ਸਥਾਨ ਅਤੇ ਹੈਪੀ ਤੀਸਰੇ ਸਥਾਨ `ਤੇ ਰਹੇ। ਇਸੇ ਤਰ੍ਹਾਂ ਦਯਾਵੰਤੀ, ਮਨਪ੍ਰੀਤ ਅਤੇ ਦੇਵਦੱਤ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ `ਤੇ ਰਹੇ।ਉਨ੍ਹਾਂ ਦੱਸਿਆ ਕਿ ਜੇਤੂ ਰਹੇ ਵਿਦਿਆਰਥੀਆਂ ਅੰਦਰ ਹੌਸਲਾਅਫਜ਼ਾਈ ਪੈਦਾ ਕਰਨ ਲਈ ਸਨਮਾਨਿਤ ਵੀ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਮੁਕਾਬਲਿਆਂ ਨੂੰ ਸਫਲਤਾਪੂਰਵਕ ਬਣਾਉਣ ਲਈ ਸਕੂਲ ਸਟਾਫ ਪੂਨਮ ਕਾਸਵਾਨ, ਗਗਨਜੋਤ, ਗੁਰਸ਼ਿੰਦਰ ਪਾਲ ਕੁਆਰਡੀਨੇਟਰ, ਰਾਮਸਰੂਪ, ਸੰਜੇ ਪੰਕਜ, ਸੋਰਵ, ਨੀਰੂ, ਲਲਿਤਾ, ਮੇਨਕਾ, ਜਯੋਤੀ, ਨਿਰਾਜ, ਰਜਨੀਸ਼ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਤੇ ਵਿਦਿਆਰਥੀਆਂ ਨੂੰ ਮੁਕਾਬਲਿਆਂ `ਚ ਵੱਧ ਤੋਂ ਵੱਧ ਹਿਸੇਦਾਰੀ ਪਾਉਣ ਲਈ ਪ੍ਰੇਰਿਤ ਵੀ ਕੀਤਾ ਗਿਆ।







